27 Nov-BTD-Pages.qxd 11/27/2025 11:04 PM Page 1



# ਨਗਰ ਨਿਗਮ ਕਾਮਿਆਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਦੂਜੇ ਦਿਨ ਵੀ ਕੀਤੀ ਗੇਟ ਰੈਲੀ

## ਪੰਜਾਬ ਸਰਕਾਰ ਨਗਰ ਨਿਗਮ 'ਚ ਤੈਨਾਤ ਮੁਲਾਜ਼ਮਾਂ ਦੀਆਂ ਮੰਗਾਂ ਦਾ ਜਲਦ ਕਰੇ ਹੱਲ-ਕੈਲਾਸ਼ ਸ਼ਰਮਾ

ਬਠਿੰਡਾ, 27 ਨਵੰਬਰ (ਪ੍ਰੀਤਪਾਲ ਸਿੰਘ ਰੋਮਾਣਾ)-ਨਗਰ ਨਿਗਮ 'ਚ ਤੈਨਾਤ ਆਊਟਸੋਰਸ ਕੱਚੇ ਮੁਲਾਜ਼ਮ ਅਤੇ ਪੱਕੇ ਮੁਲਜ਼ਮਾਂ ਵਲੋਂ ਨਗਰ ਨਿਗਮ ਮਿਊਂਸੀਪਲ ਵਰਕਰ ਯੂਨੀਅਨ ਦੀ ਰਹਿਨੁਮਾਈ ਹੇਠ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਨਿਗਮ ਦਫ਼ਤਰ ਦੇ ਬਾਹਰ ਦੋ ਘੰਟਿਆਂ ਲਈ ਗੇਟ ਰੈਲੀ ਕੀਤੀ ਗਈ। ਇਸ ਦੌਰਾਨ ਜਥੇਬੰਦੀਆਂ ਦੁਆਰਾ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸਫ਼ਾਈ ਕਰਮਚਾਰੀ ਯੂਨੀਅਨ ਦੇ ਸਾਬਕਾ ਪ੍ਰਧਾਨ ਵੀਰ ਭਾਨ, ਮਿਊਂਸੀਪਲ ਵਰਕਰ ਯੂਨੀਅਨ ਦੇ ਸਕੱਤਰ ਕੈਲਾਸ ਸ਼ਰਮਾ ਨੇ ਕਿਹਾ ਕਿ ਜਥੇਬੰਦੀਆਂ ਨੇ ਆਪਣੀ ਹੱਕੀ ਮੰਗਾਂ ਨੂੰ ਲੈ ਕੇ ਦੂਜੇ ਦਿਨ ਵੀ ਦੋ ਘੰਟੇ ਲਈ ਗੇਟ ਰੈਲੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵਲੋਂ ਸਮੇਂ-ਸਮੇਂ ਸਿਰ ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਦੇ ਮੰਤਰੀਆਂ ਨੂੰ ਜਾਣੂ ਕਰਾਇਆ ਜਾਂਦਾ ਹੈ। ਪਰ ਹਰ ਵਾਰ ਦੀ ਤਰ੍ਹਾਂ ਉਨ੍ਹਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾ ਜਾਂਦਾ ਹੈ। ਉਨ੍ਹਾਂ ਮੰਗ ਕੀਤੀ ਕਿ 2004 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਤੇ ਨੈਸ਼ਨਲ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਨਗਰ ਨਿਗਮ ਬਠਿੰਡਾ ਦੇ ਸਾਰੇ ਆਊਟ ਸੋਰਸ ਮੁਲਜ਼ਮਾਂ ਦਾ ਬੀਮਾ ਕੀਤਾ ਜਾਵੇ, ਰੈਗੂਲਰ ਦਰਜਾ 3 ਅਤੇ ਦਰਜਾ 4 ਕਰਮਚਾਰੀਆਂ ਨੂੰ ਬਣਦੀ ਤਰੱਕੀ ਦਿੱਤੀ ਜਾਵੇ, ਜਿਨ੍ਹਾਂ ਦਰਜਾ 4 ਕਰਮਚਾਰੀਆਂ ਨੂੰ 20-25 ਸਾਲ ਸੇਵਾ ਨਿਭਾਉਂਦੇ ਹੋ ਗਏ ਹਨ ਤਾਂ ਉਨ੍ਹਾਂ ਨੂੰ ਬਿਨ੍ਹਾਂ ਸ਼ਰਤ ਤਰੱਕੀ ਦਿੱਤੀ ਜਾਵੇ, ਆਊਟਸੋਰਸ ਕਰਮਚਾਰੀਆਂ ਦੀ ਤਨਖ਼ਾਹ ਵਿਚ ਵਾਧਾ ਕੀਤਾ ਜਾਵੇ, 2004 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਕਰਮਚਾਰੀਆਂ ਨੂੰ ਬਕਾਇਆ ਰਹਿੰਦੀਆਂ 16 ਪ੍ਰਤੀਸ਼ਤ ਡੀਏ ਦੀ ਕਿਸ਼ਤ ਸਮੇਤ ਵਿਆਜ ਸਹਿਤ ਬਕਾਇਆ ਦਿੱਤਾ ਜਾਵੇ। ਜਿਨ੍ਹਾਂ ਆਊਟਸੋਰਸ ਕਰਮਚਾਰੀਆਂ ਨੂੰ ਸੇਵਾ ਨਿਭਾਉਂਦਿਆਂ 3 ਸਾਲ ਹੋ ਗਏ ਹਨ। ਉਨ੍ਹਾਂ ਨੂੰ ਇਨਸੋਰਸ ਕੀਤਾ ਜਾਵੇ ਅਤੇ 5 ਸਾਲ ਤੋਂ ਵੱਧ ਨੌਕਰੀ ਕਰਨ ਵਾਲਿਆਂ ਨੂੰ ਪੱਕਾ ਕੀਤਾ ਜਾਵੇ। ਉਨ੍ਹਾਂ 24 ਘੰਟਿਆਂ ਦਾ ਅਲਟੀਮੇਟਮ ਦਿੰਦੇ ਹੋਏ ਮੰਗ ਕੀਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨੂੰ ਜਲਦ ਹੱਲ ਨਾ ਕੀਤਾ ਤਾਂ ਉਹ ਤਿੱਖੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕਰਕੇ ਜਲਦ ਹੀ ਵੱਡੇ ਪੱਧਰ 'ਤੇ ਧਰਨਾ ਲਗਾਉਣ ਲਈ ਮਜਬੂਰ ਹੋਣਗੇ।


ਨਗਰ ਨਿਗਮ ਕਰਮਚਾਰੀ ਆਪਣੀਆਂ ਮੰਗਾਂ ਨੂੰ ਲੈ ਕੇ ਗੇਟ ਰੈਲੀ ਕਰਦੇ ਹੋਏ। *ਅਜੀਤ ਤਸਵੀਰ*


ਡੈਮੋਕ੍ਰੇਟਿਕ ਟੀਚਰ ਫਰੰਟ ਦੇ ਆਗੂ ਜਾਣਕਾਰੀ ਦਿੰਦੇ ਹੋਏ।

# ਡੀ.ਟੀ.ਐੱਫ. ਵਲੋਂ ਮੈਰੀਟੋਰੀਅਸ ਤੇ ਕੱਚੇ ਅਧਿਆਪਕਾਂ ਦੇ ਸੰਘਰਸ਼ ਦੀ ਹਮਾਇਤ

ਬਠਿੰਡਾ, 27 ਨਵੰਬਰ (ਸੱਤਪਾਲ ਸਿੰਘ ਸਿਵੀਆਂ)-ਡੈਮੋਕ੍ਰੇਟਿਕ ਟੀਚਰ ਫਰੰਟ ਪੰਜਾਬ ਨੇ ਮੈਰੀਟੋਰੀਅਸ ਅਧਿਆਪਕ ਅਤੇ ਕੱਚੇ ਅਧਿਆਪਕਾਂ ਦੇ ਸੰਘਰਸ਼ ਦੀ ਹਮਾਇਤ ਕਰਦਿਆਂ ਉਨ੍ਹਾਂ ਦੀ 30 ਨਵੰਬਰ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਹੋਣ ਵਾਲੀ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਹੈ। ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ, ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ, ਬਠਿੰਡਾ ਜ਼ਿਲ੍ਹੇ ਦੇ ਪ੍ਰਧਾਨ ਬਲਜਿੰਦਰ ਸਿੰਘ ਤੇ ਸਕੱਤਰ ਜਸਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੈਰੀਟੋਰੀਅਸ ਸਕੂਲਾਂ ਦੇ ਅਧਿਆਪਕ ਪਿਛਲੇ 15-15 ਸਾਲ ਤੋਂ ਠੇਕਾ ਅਧਾਰਿਤ 'ਤੇ ਸੇਵਾਵਾਂ ਨਿਭਾ ਰਹੇ ਹਨ ਅਤੇ ਇਸੇ ਤਰਾਂ ਪਿਛਲੇ 25-25 ਸਾਲ ਤੋਂ ਕੱਚੇ ਅਧਿਆਪਕ ਪੱਕੇ ਹੋਏ ਵਗੈਰ ਖਾਲੀ ਹੱਥ ਸੇਵਾਮੁਕਤ ਹੋ ਰਹੇ ਹਨ, ਜਿਨ੍ਹਾਂ ਨੂੰ ਪੰਜਾਬ ਦੀ 'ਆਪ' ਸਰਕਾਰ ਨੇ ਪੱਕੇ ਕਰਨ ਦੀ ਅਜੇ ਤੱਕ ਜ਼ਹਿਮਤ ਨਹੀਂ ਉਠਾਈ। ਉਨ੍ਹਾਂ ਕਿਹਾ ਕਿ ਇਸ ਦੇ ਰੋਸ ਵਜੋਂ ਇਨ੍ਹਾਂ ਅਧਿਆਪਕਾਂ ਵਲੋਂ ਮੈਰੀਟੋਰੀਅਸ ਅਧਿਆਪਕ ਯੂਨੀਅਨ ਪੰਜਾਬ ਅਤੇ ਸਪੈਸ਼ਲ ਅਧਿਆਪਕ ਫ਼ਰੰਟ ਦੇ ਝੰਡੇ ਹੇਠ 30 ਨਵੰਬਰ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿਚ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਵਰਕਰ ਹਰ ਜ਼ਿਲ੍ਹੇ 'ਚੋਂ ਭਰਵਾਂ ਹਿੱਸਾ ਲੈਣਗੇ। ਇਸ ਮੌਕੇ ਜ਼ਿਲ੍ਹਾ ਉਪ-ਪ੍ਰਧਾਨ ਵਿਕਾਸ ਗਰਗ, ਵਿੱਤ ਸਕੱਤਰ ਅਨਿਲ ਭੱਟ, ਜਥੇਬੰਦਕ ਸਕੱਤਰ ਕੁਲਵਿੰਦਰ ਸਿੰਘ ਵਿਰਕ, ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ, ਜ਼ਿਲ੍ਹਾ ਕਮੇਟੀ ਮੈਂਬਰ ਬਲਜਿੰਦਰ ਕੌਰ, ਰਣਦੀਪ ਕੌਰ ਖਾਲਸਾ, ਬਲਾਕ ਪ੍ਰਧਾਨ ਭੁਪਿੰਦਰ ਸਿੰਘ ਮਾਈਸਰਖਾਨਾ, ਭੋਲਾ ਰਾਮ, ਬਲਕਰਨ ਸਿੰਘ ਕੋਟਸ਼ਮੀਰ, ਰਾਜਵਿੰਦਰ ਸਿੰਘ ਜਲਾਲ ਅਤੇ ਅਸ਼ਵਨੀ ਡੱਬਵਾਲੀ ਆਦਿ ਮੌਜੂਦ ਸਨ।

**ਸੰਗਰੂਰ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ**


ਬਿਜਲੀ ਸੋਧ ਬਿਲ ਦੀਆਂ ਕਾਪੀਆਂ ਸਾੜਦੇ ਹੋਏ ਬਿਜਲੀ ਮੁਲਾਜ਼ਮ। *ਤਸਵੀਰ: ਅੰਮ੍ਰਿਤਪਾਲ ਸ਼ਰਮਾ*

# ਪਾਵਰਕਾਮ ਕਾਮਿਆਂ ਨੇ ਬਿਜਲੀ ਸੋਧ ਬਿਲ ਦੀਆਂ ਕਾਪੀਆਂ ਸਾੜੀਆਂ

ਸੰਗਤ ਮੰਡੀ, 27 ਨਵੰਬਰ (ਅੰਮ੍ਰਿਤਪਾਲ ਸ਼ਰਮਾ)- ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸੱਦੇ 'ਤੇ ਪਾਵਰਕਾਮ ਕਾਮਿਆਂ ਵੱਲੋਂ ਸਥਾਨਕ ਬਿਜਲੀ ਘਰ ਵਿਖੇ ਬਿਜਲੀ ਸੋਧ ਬਿਲ 2025 ਦੇ ਖਰੜੇ ਦੀਆਂ ਕਾਪੀਆਂ ਸਾੜੀਆਂ ਗਈਆਂ। ਟੈਕਨੀਕਲ ਸਰਵਿਸਿਜ਼ ਯੂਨੀਅਨ ਸਬ ਡਵੀਜ਼ਨ ਸੰਗਤ ਦੇ ਪ੍ਰਧਾਨ ਮਨਦੀਪ ਸਿੰਘ ਫੁੱਲੋ ਮਿੱਠੀ ਨੇ ਦੱਸਿਆ ਕਿ ਪੀ.ਐਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ 24), ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸਬੰਧਿਤ ਏਟਕ) ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਦੀ ਸਾਂਝੀ ਆਨਲਾਈਨ ਵਰਚੁਅਲ ਮੀਟਿੰਗ ਵਿਚ ਲਏ ਫ਼ੈਸਲੇ ਤਹਿਤ 10 ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸਾਂਝੇ ਸੱਦੇ ਤੇ ਰੋਸ ਰੈਲੀ ਕਰਕੇ 4 ਲੇਬਰ ਕੋਡ ਅਤੇ ਬਿਜਲੀ ਸੋਧ ਬਿੱਲ 2025 ਦੇ ਲੋਕ ਵਿਰੋਧੀ ਖਰੜੇ ਦੀਆਂ ਕਾਪੀਆਂ ਸਾੜੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 29 ਨਵੰਬਰ ਨੂੰ ਸ਼ਹੀਦ ਕਰਨੈਲ ਸਿੰਘ ਈਸੜੂ ਯਾਦਗਾਰੀ ਭਵਨ (ਨੇੜੇ ਬੱਸ ਸਟੈਂਡ) ਲੁਧਿਆਣਾ ਵਿਖੇ ਸਾਂਝੀ ਮੀਟਿੰਗ ਕਰਕੇ ਪਿਛਲੇ ਸੰਘਰਸ਼ ਦਾ ਰੀਵਿਊ ਅਤੇ ਅਗਲੇ ਸੰਘਰਸ਼ ਦੀ ਵਿਉਂਤਬੰਦੀ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਪ੍ਰਧਾਨ ਮਨਦੀਪ ਸਿੰਘ, ਰੁਪਿੰਦਰ ਸਿੰਘ ਸਕੱਤਰ, ਹਰਦੀਪ ਸਿੰਘ ਸਹਾਇਕ ਸਕੱਤਰ, ਮਨਪ੍ਰੀਤ ਸਿੰਘ ਖ਼ਜ਼ਾਨਚੀ, ਕੋਮਲ ਭਗਰੀਆ, ਰਾਮ ਕ੍ਰਿਸ਼ਨ ਸਿੰਘ, ਜਗਜੀਤ ਸਿੰਘ ਅਤੇ ਰਾਧੇ ਸ਼ਾਮ ਆਦਿ ਮੌਜੂਦ ਸਨ।

# ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ 2 ਵਿਅਕਤੀਆਂ ਦੀ ਮੌਤ

ਬੋਹਾ, 27 ਨਵੰਬਰ (ਰਮੇਸ਼ ਤਾਂਗੜੀ)-ਨੇੜਲੇ ਪਿੰਡ ਰਾਮਪੁਰ ਮੰਡੇਰ ਨੇੜੇ ਪੀ.ਆਰ.ਟੀ.ਸੀ. ਡੀਪੂ ਬੁਢਲਾਡਾ ਦੀ ਬੱਸ ਵਲੋਂ ਦਰੜਨ ਮਗਰੋਂ ਮੋਟਰਸਾਈਕਲ ਸਵਾਰ 2 ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਥਾਣਾ ਬੋਹਾ ਦੇ ਏ.ਐੱਸ.ਆਈ. ਜਗਮੇਲ ਸਿੰਘ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਦੀ ਮਿੰਨੀ ਬੱਸ ਤੇਜ਼ ਰਫ਼ਤਾਰ ਨਾਲ ਰਤੀਆ ਤੋਂ ਬੁਢਲਾਡਾ ਨੂੰ ਜਾ ਰਹੀ ਸੀ ਜਦਕਿ ਮਿਲਖਾ ਰਾਮ (56) ਪੁੱਤਰ ਸ਼ਿਵ ਰਾਮ ਤੇ ਅਜੇ ਕੁਮਾਰ (40) ਪੁੱਤਰ ਮੰਗਤ ਰਾਮ ਵਾਸੀ ਰਾਮਪੁਰ ਮੰਡੇਰ ਬੁਢਲਾਡਾ ਤੋਂ ਕੰਮ ਧੰਦੇ ਜਾ ਕੇ ਆਪਣੇ ਪਿੰਡ ਵੱਲ ਆ ਰਹੇ ਸਨ। ਇਸ ਦੌਰਾਨ ਰਾਮਪੁਰ ਮੰਡੇਰ ਦੇ ਪੱਕੇ ਖਾਲ ਕੋਲ ਬੇਕਾਬੂ ਹੋਈ ਬੱਸ ਮੋਟਰਸਾਈਕਲ ਸਵਾਰਾਂ 'ਤੇ ਜਾ ਚੜ੍ਹੀ। ਮਿਲਖਾ ਰਾਮ ਦੇ ਪੁੱਤਰ ਗੁਲਾਬ ਰਾਮ ਨੇ ਦੱਸਿਆ ਕਿ ਉਹ ਵੀ ਆਪਣੇ ਮੋਟਰਸਾਈਕਲ 'ਤੇ ਆਪਣੇ ਪਿਤਾ ਤੋਂ ਇਕ ਫ਼ਰਲਾਂਗ ਪਿੱਛੇ ਆ ਰਿਹਾ ਸੀ। ਉਸ ਨੇ ਵੇਖਿਆ ਕਿ ਬੱਸ ਉਸ ਦੇ ਪਿਤਾ ਤੇ ਦੂਜੇ ਸਵਾਰ ਅਜੈ ਕੁਮਾਰ ਨੂੰ ਧੂੰਹਦੀ ਲਿਆ ਰਹੀ ਸੀ। ਜਦੋਂ ਬੱਸ ਰੁਕੀ ਤਾਂ ਦੋਵਾਂ ਨੂੰ ਸਰਕਾਰੀ ਹਸਪਤਾਲ ਬੁਢਲਾਡਾ ਲਿਜਾਇਆ ਗਿਆ ਪਰ ਉਦੋਂ ਤੱਕ ਉਨ੍ਹਾਂ ਦੀ ਮੌਤ ਹੋ ਚੁੱਕੀ ਸੀ। ਤਫ਼ਤੀਸ਼ੀ ਅਫ਼ਸਰ ਏ.ਐੱਸ.ਆਈ. ਜਗਮੇਲ ਸਿੰਘ ਨੇ ਘਟਨਾ ਦੀ ਜਾਂਚ ਕਰਨ ਉਪਰੰਤ ਮ੍ਰਿਤਕ ਮਿਲਖਾ ਦੇ ਪੁੱਤਰ ਗੁਲਾਬ ਰਾਮ ਦੇ ਬਿਆਨਾਂ 'ਤੇ ਮੁਕੱਦਮਾ ਦਰਜ ਕਰ ਕੇ ਬੱਸ ਡਰਾਈਵਰ ਖ਼ਿਲਾਫ਼ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਲਾਸ਼ਾਂ ਪੋਸਟਮਾਰਟਮ ਲਈ ਹਸਪਤਾਲ ਬੁਢਲਾਡਾ ਭੇਜ ਦਿੱਤੀਆਂ ਗਈਆਂ ਹਨ।


ਮਿਲਖਾ ਰਾਮ ਤੇ ਅਜੈ ਕੁਮਾਰ ਦੀ ਫਾਈਲ ਤਸਵੀਰ।

# ਪਾਣੀ ਦੀ ਵਾਰੀ ਨੂੰ ਲੈ ਕੇ ਹੋਈ ਲੜਾਈ 'ਚ ਇਕ ਜ਼ਖ਼ਮੀ

ਗੋਨਿਆਣਾ, 27 ਨਵੰਬਰ (ਲਛਮਣ ਦਾਸ ਗਰਗ)-ਸਥਾਨਕ ਪੁਲਿਸ ਸਟੇਸ਼ਨ ਅਧੀਨ ਪੈਂਦੇ ਪਿੰਡ ਬਰਕੰਦੀ ਵਿਖੇ ਪਾਣੀ ਦੀ ਵਾਰੀ ਨੂੰ ਲੈ ਕੇ ਹੋਈ ਲੜਾਈ ਵਿਚ ਹੋਈ ਕੁੱਟਮਾਰ ਦੌਰਾਨ ਪੁਲਿਸ ਨੇ ਅੱਧੀ ਦਰਜਨ ਤੋਂ ਵੱਧ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਿਸ ਥਾਣਾ ਨੇਹੀਂਆਂ ਵਾਲਾ ਦੇ ਮੁੱਖ ਅਫ਼ਸਰ ਦਿਲਬਾਗ ਸਿੰਘ ਨੇ ਦੱਸਿਆ ਹੈ ਕਿ ਗੁਰਚਰਨ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਬਰਕੰਦੀ ਨੇ ਪੁਲਿਸ ਕੋਲ ਲਿਖਵਾਈ ਸ਼ਿਕਾਇਤ ਵਿਚ ਕਿਹਾ ਹੈ ਕਿ ਬੀਤੇ ਕੁਝ ਦਿਨ ਪਹਿਲਾਂ ਕੁਝ ਵਿਅਕਤੀਆਂ ਨਾਲ ਖੇਤ ਵਿਚ ਪਾਣੀ ਲਗਾਉਣ ਦੀ ਵਾਰੀ ਨੂੰ ਲੈ ਕੇ ਲੜਾਈ ਝਗੜਾ ਹੋਇਆ ਸੀ, ਉਕਤ ਨੇ ਅੱਗੇ ਕਿਹਾ ਕਿ ਇਸ ਦੌਰਾਨ ਉਨ੍ਹਾਂ ਨੇ ਉਸ ਦੀ ਕੁੱਟਮਾਰ ਕੀਤੀ। ਜਿਸ ਦੌਰਾਨ ਉਹ ਜ਼ਖ਼ਮੀ ਹੋ ਗਿਆ। ਪੁਲਿਸ ਨੇ ਜ਼ਖ਼ਮੀ ਗੁਰਚਰਨ ਸਿੰਘ ਦੇ ਬਿਆਨਾਂ ਆਧਾਰਿਤ ਰਣਜੀਤ ਸਿੰਘ ਪੁੱਤਰ ਮੱਖਣ ਸਿੰਘ, ਗੁਰਤੇਜ ਸਿੰਘ ਪੁੱਤਰ ਕਾਹਨ ਸਿੰਘ ਵਾਸੀਆਨ ਪਿੰਡ ਬਰਕੰਦੀ, ਗੁਰਪ੍ਰੀਤ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਕੋਟਲੀ ਅਤੇ 3 ਨਾਮਲੂਮ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉਕਤ ਅਫ਼ਸਰ ਨੇ ਅੱਗੇ ਦੱਸਿਆ ਕਿ ਹਾਲੇ ਤੱਕ ਕਿਸੇ ਵੀ ਵਿਅਕਤੀ ਦੀ ਗ੍ਰਿਫ਼ਤਾਰੀ ਨਹੀਂ ਹੋਈ।

**ਅੱਧੀ ਦਰਜਨ ਤੋਂ ਵੱਧ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ**

## 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਬਠਿੰਡਾ**

| | |
|---|---|
| ਸ. ਅੰਮ੍ਰਿਤਪਾਲ ਸਿੰਘ ਵਲ੍ਹਾਣ | 99881-68072 |
| ਦੁਕਾਨ ਨੰ: 72, ਸੁਭਾਸ਼ ਮਾਰਕੀਟ | 0164-2251886 |
| ਮਾਲ ਰੋਡ | 5003663 |

LALA JAGAN NATH JAIN
GOODWILL PUBLIC HIGH SCHOOL
STREET NO-23, PARAS RAM NAGAR, BATHINDA
Principal Required
Qualification as per Punjab Government/ Punjab School Education Board norms. Salary negotiable. Interested Candidates may apply in confidence with full detail with in 15 days at.
premgargshiva@gmail.com
President- Goodwill Society(Regd) Bathinda

SWAMI DAYANAND COLLEGE OF EDUCATION
Approved by Punjab Govt., Reco. by NCTE, New Delhi Affiliated with SCERT, Mohali
DIRECT ADMISSION : 2025-26
Applications are invited from the eligible candidates for Leftover/Vacant (Management Quota/Counseling Quota) seats for Direct Admission in D.El.Ed./E.T.T. Course.
Date & Time of Counseling : 28.11.2025 (9:00 AM Onward)
Note : Students are advised to bring all original and one photocopy of all the documents along with 10 photographs. The short-listed candidates have to deposit the admission cum tuition fees on the spot as per norms.
Campus : Lehra Bega (Bhucho Mandi) Bathinda
PHONE : 92155-44124, 94683-35928, 82955-00772 -Principal

## 50 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀ ਕੀਤੇ ਗ੍ਰਿਫ਼ਤਾਰ

### 7 ਗ੍ਰਾਮ ਹੈਰੋਇਨ ਸਮੇਤ ਔਰਤ ਗ੍ਰਿਫ਼ਤਾਰ

ਰਾਮਪੁਰਾ ਫੂਲ, 27 ਨਵੰਬਰ (ਹੇਮੰਤ ਕੁਮਾਰ ਸ਼ਰਮਾ)-ਡੀ.ਐੱਸ.ਪੀ.ਫੂਲ ਮਨੋਜ ਕੁਮਾਰ ਵਲੋਂ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਦੇ ਤਹਿਤ ਥਾਣਾ ਸਿਟੀ ਰਾਮਪੁਰਾ ਦੀ ਪੁਲਿਸ ਵਲੋਂ 50 ਗ੍ਰਾਮ ਹੈਰੋਇਨ ਸਮੇਤ ਮਹਿਰਾਜ ਰੋਡ ਤੋਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਥਾਣਾ ਸਿਟੀ ਰਾਮਪੁਰਾ ਦੀ ਪੁਲਿਸ ਵਲੋਂ ਬਲੌਰ ਸਿੰਘ ਅਤੇ ਹਰਮਨ ਸਿੰਘ ਵਾਸੀਆਨ ਰਾਮਪੁਰਾ ਫੂਲ ਖਿਲਾਫ ਥਾਣਾ ਸਿਟੀ ਰਾਮਪੁਰਾ ਵਿਖੇ ਮੁਕੱਦਮਾ ਨੰਬਰ 237, ਧਾਰਾ 21-ਬੀ, 61, 85 ਐੱਨ.ਡੀ.ਪੀ.ਐੱਸ. ਐਕਟ ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇਸ ਤੋਂ ਇਲਾਵਾ ਥਾਣਾ ਸਦਰ ਰਾਮਪੁਰਾ ਦੀ ਪੁਲਿਸ ਨੇ 7 ਗ੍ਰਾਮ ਹੈਰੋਇਨ ਸਮੇਤ ਇੱਕ ਔਰਤ ਨੂੰ ਰਾਮਪੁਰਾ ਤੋਂ ਗਿਰਫਤਾਰ ਕੀਤਾ ਗਿਆ ਹੈ। ਥਾਣਾ ਸਦਰ ਰਾਮਪੁਰਾ ਵਿਖੇ ਔਰਤ ਲਕਸ਼ਮੀ ਵਾਸੀ ਪਿੰਡ ਰਾਮਪੁਰਾ ਖਿਲਾਫ ਮੁਕੱਦਮਾ ਨੰਬਰ 142, ਧਾਰਾ 21ਬੀ, 61, 85 ਐੱਨ.ਡੀ.ਪੀ.ਐੱਸ. ਐਕਟ ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ 2 ਨੌਜਵਾਨਾਂ ਦੀ ਮੌਤ

ਮਾਨਸਾ, 27 ਨਵੰਬਰ (ਸ.ਰਿ.)-ਜ਼ਿਲ੍ਹੇ ਦੇ ਪਿੰਡ ਰਾਮਪੁਰ ਮੰਡੇਰ ਵਿਖੇ ਸਰਕਾਰੀ ਬੱਸ ਨਾਲ ਟੱਕਰ ਹੋਣ ਕਾਰਨ ਮੋਟਰਸਾਈਕਲ ਸਵਾਰ 2 ਵਿਅਕਤੀਆਂ ਦੀ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ ਪੀ.ਆਰ.ਟੀ.ਸੀ. ਦੀ ਮਿੰਨੀ ਬੱਸ ਜੋ ਰਤੀਆ ਤੋਂ ਬੁਢਲਾਡਾ ਨੂੰ ਜਾ ਰਹੀ ਸੀ ਜਦਕਿ ਅਜੇ ਕੁਮਾਰ ਤੇ ਮਿਲਖਾ ਸਿੰਘ ਮੋਟਰਸਾਈਕਲ 'ਤੇ ਬੁਢਲਾਡਾ ਤੋਂ ਪਿੰਡ ਮੰਡੇਰ ਵੱਲ ਜਾ ਰਹੇ ਸੀ। ਜਦੋਂ ਉਹ ਮੰਡੇਰ ਪਹੁੰਚੇ ਤਾਂ ਸਾਹਮਣਿਓਂ ਆ ਰਹੀ ਬੱਸ ਨੇ ਉਨ੍ਹਾਂ ਦੇ ਵਹੀਕਲ ਨੂੰ ਫੇਟ ਮਾਰ ਦਿੱਤੀ, ਜਿਸ ਕਰ ਕੇ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਥਾਣਾ ਬੋਹਾ ਪੁਲਿਸ ਵਲੋਂ ਮ੍ਰਿਤਕ ਮਿਲਖਾ ਸਿੰਘ ਦੇ ਪੁੱਤਰ ਗੁਲਾਬ ਰਾਮ ਵਾਸੀ ਰਾਮਪੁਰ ਮੰਡੇਰ ਦੇ ਬਿਆਨਾਂ 'ਤੇ ਬੱਸ ਡਰਾਈਵਰ ਖ਼ਿਲਾਫ਼ ਮੁਕੱਦਮਾ ਦਰਜ ਕਰ ਕੇ ਲਾਸ਼ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤੀ ਗਈ।


ਐੱਸ.ਡੀ.ਐੱਮ. ਪੰਕਜ ਬਾਂਸਲ ਧਰਨਾਕਾਰੀਆਂ ਨਾਲ ਗੱਲ ਕਰਦੇ ਹੋਏ।

# ਪ੍ਰਸ਼ਾਸਨ ਵਲੋਂ ਭਰੋਸਾ ਦੇਣ ਦੇ ਬਾਵਜੂਦ ਵੀ ਧਰਨਾਕਾਰੀਆਂ ਨੇ ਪ੍ਰਦਰਸ਼ਨ ਖ਼ਤਮ ਕਰਨ ਤੋਂ ਕੀਤਾ ਇਨਕਾਰ

ਰਾਮਾਂ ਮੰਡੀ, 27 ਨਵੰਬਰ (ਤਰਸੇਮ ਸਿੰਗਲਾ)-ਅੱਜ ਦੇਰ ਸ਼ਾਮ ਐਸਡੀਐਮ ਤਲਵੰਡੀ ਸਾਬੋ ਪੰਕਜ ਬਾਂਸਲ ਨੇ ਸੀਵਰੇਜ ਓਵਰਫਲੋ ਦੀ ਸਮੱਸਿਆ ਵਿਰੁੱਧ ਸਥਾਨਕ ਬਾਘਾ ਰੋਡ 'ਤੇ ਧਰਨੇ 'ਤੇ ਬੈਠੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਧਰਨਾ ਖ਼ਤਮ ਕਰਨ ਲਈ ਬੇਨਤੀ ਕੀਤੀ। ਇਸ ਮੌਕੇ ਉਨ੍ਹਾਂ ਨਾਲ ਡੀਐਸਪੀ ਤਲਵੰਡੀ ਸਾਬੋ ਗੁਰਪ੍ਰੀਤ ਸਿੰਘ ਅਤੇ ਰਾਮਾਂ ਪੁਲਿਸ ਮੁਖੀ ਬੇਅੰਤ ਸਿੰਘ ਵੀ ਮੌਜੂਦ ਰਹੇ। ਐਸ.ਡੀ.ਐਮ. ਪੰਕਜ ਬਾਂਸਲ ਨੇ ਧਰਨਾਕਾਰੀਆਂ ਨੂੰ ਭਰੋਸਾ ਦਿੱਤਾ ਕਿ ਨਗਰ ਕੌਂਸਲ ਨੇ ਨਵੀਆਂ ਸੀਵਰੇਜ ਪਾਈਪ ਲਾਈਨਾਂ ਪਾਉਣ ਲਈ ਟੈਂਡਰ ਜਾਰੀ ਕਰ ਦਿੱਤੇ ਹਨ। ਜਿਸ ਦਾ ਕੰਮ ਦਸੰਬਰ ਦੇ ਆਖ਼ਰੀ ਹਫ਼ਤੇ ਤੱਕ ਸ਼ੁਰੂ ਹੋ ਜਾਵੇਗਾ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਸੀਵਰੇਜ ਸਮੱਸਿਆ ਤੋਂ ਰਾਹਤ ਮਿਲੇਗੀ। ਜਿਨ੍ਹਾਂ ਇਲਾਕਿਆਂ ਵਿੱਚ ਸੀਵਰੇਜ ਦਾ ਪਾਣੀ ਓਵਰਫ਼ਲੋ ਹੋ ਕੇ ਗਲੀਆਂ ਵਿਚ ਇਕੱਠਾ ਹੋ ਗਿਆ ਹੈ, ਉਸ ਦਾ ਇਕ/ਦੋ ਦਿਨਾਂ ਅੰਦਰ ਹੱਲ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ, ਸੁਪਰ-ਸੈਕਸ਼ਨ ਮਸ਼ੀਨਾਂ ਦੀ ਵਰਤੋਂ ਕਰਕੇ ਸੀਵਰੇਜ ਦੀ ਸਫ਼ਾਈ ਕੀਤੀ ਜਾ ਰਹੀ ਹੈ। ਜੇਕਰ ਵਾਧੂ ਮਸ਼ੀਨਾਂ ਦੀ ਲੋੜ ਪਈ, ਤਾਂ ਹੋਰ ਬਠਿੰਡਾ ਤੋਂ ਲਿਆਂਦਾ ਜਾਵੇਗਾ। ਇਸ ਤੋਂ ਇਲਾਵਾ ਐਸ.ਡੀ.ਐਮ. ਪੰਕਜ ਕੁਮਾਰ ਅਤੇ ਡੀਐਸਪੀ ਤਲਵੰਡੀ ਸਾਬੋ ਗੁਰਪ੍ਰੀਤ ਸਿੰਘ ਨੇ ਰੇਲਵੇ ਲਾਈਨ ਦੇ ਨਾਲ ਲੱਗਦੇ ਇਲਾਕੇ ਦਾ ਦੌਰਾ ਕੀਤਾ ਅਤੇ ਗਲੀਆਂ ਵਿਚ ਮੌਕੇ 'ਤੇ ਜਾ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਸਮੱਸਿਆ ਦੇ ਹੱਲ ਬਾਰੇ ਗੱਲ ਕੀਤੀ। ਐਸ.ਡੀ.ਐਮ. ਦੇ ਭਰੋਸੇ ਦੇ ਬਾਵਜੂਦ ਵੀ ਲੋਕਾਂ ਨੇ ਧਰਨਾ ਖ਼ਤਮ ਨਹੀਂ ਕੀਤਾ। ਧਨਕਾਰੀਆਂ ਨੇ ਕਿਹਾ ਕਿ ਅਧਿਕਾਰੀਆਂ ਨੇ ਹਰ ਵਾਰ ਭਰੋਸਾ ਹੀ ਦਿੱਤਾ ਹੈ ਪਰ ਹੱਲ ਨਹੀਂ ਕੀਤਾ।

ਗਮਾਡਾ
ਘੋਸ਼ਣਾ ਕਰਦਾ ਹੈ
ਐਸ.ਏ.ਐਸ. ਨਗਰ
ਵਿਖੇ
ਵਪਾਰਕ ਐਸ.ਸੀ.ਓ. ਸਾਈਟਾਂ
ਦੀ
ਈ-ਨਿਲਾਮੀ
62 ਐਸ.ਸੀ.ਓ.
(ਹਰੇਕ ਦਾ ਮਾਪ 500 ਵਰਗ ਗਜ਼)
₹16.37 ਕਰੋੜ
ਤੋਂ ਸ਼ੁਰੂ
ਈ-ਨਿਲਾਮੀ ਸ਼ੁਰੂਆਤ
28 ਨਵੰਬਰ, 2025 ਦੁਪਹਿਰ 12:00 ਵਜੇ
ਈ-ਨਿਲਾਮੀ ਸਮਾਪਤੀ
08 ਦਸੰਬਰ, 2025 ਦੁਪਹਿਰ 12:00 ਵਜੇ
ਕਰਜ਼ਾ ਲੈਣ ਲਈ ਐਮਪੈਨਲਡ ਬੈਂਕ
केनरा बैंक Canara Bank, ICICI Bank, pnb
ਬੋਲੀਕਾਰਾਂ ਲਈ ਵਿਸ਼ੇਸ਼ ਲਾਭ
- ਬੋਲੀ ਦੀ ਰਕਮ ਦੇ 10% ਭੁਗਤਾਨ 'ਤੇ ਅਲਾਟਮੈਂਟ (ਲਾਗੂ ਸੈੱਸ ਵਾਧੂ ਵਸੂਲ ਕੀਤੇ ਜਾਣਗੇ)।
- ਅਲਾਟਮੈਂਟ ਦੀ ਮਿਤੀ ਤੋਂ 120 ਦਿਨਾਂ ਦੇ ਅੰਦਰ ਬਕਾਇਆ ਰਾਸ਼ੀ ਦੇ ਯਕਮੁਸ਼ਤ ਭੁਗਤਾਨ 'ਤੇ 15% ਛੋਟ।
ਨੋਟ
- ਬੋਲੀਕਾਰ ਓ.ਟੀ.ਪੀ. ਜਾਂ ਡੀ.ਐਸ.ਸੀ. ਅਧਾਰਤ ਵੈਰੀਫਿਕੇਸ਼ਨ ਰਾਹੀਂ ਈ-ਨਿਲਾਮੀ ਵਿੱਚ ਭਾਗ ਲੈ ਸਕਦੇ ਹਨ।
- ਬੋਲੀ ਲਗਾਉਣ ਲਈ ਜੀ.ਪੀ.ਐਸ ਸਮਰਥਿਤ ਉਪਕਰਨ ਲਾਜਮੀ ਹਨ।
- ਬੋਲੀਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ NEFT/RTGS ਲੈਣ -ਦੇਣ ਨੂੰ ਮੁਕੰਮਲ ਹੋਣ ਵਿੱਚ ਕੁਝ ਸਮਾਂ ਲੱਗਦਾ ਹੈ। ਪਰੇਸ਼ਾਨੀ ਰਹਿਤ ਬੋਲੀ ਲਗਾਉਣ ਲਈ, ਈ-ਨਿਲਾਮੀ ਦੇ ਨਿਰਧਾਰਤ ਸਮਾਪਨ ਤੋਂ ਘੱਟੋ-ਘੱਟ 24 ਘੰਟੇ ਪਹਿਲਾਂ ਭੁਗਤਾਨ ਪ੍ਰਕਿਰਿਆ ਸ਼ੁਰੂ ਕਰੋ।
- ਪੇਸ਼ ਕੀਤੀ ਕਿਸੇ ਵੀ ਜਾਇਦਾਦ ਨਾਲ ਸਬੰਧਤ ਕੋਈ ਵੀ ਸੋਧ ਜਾਂ ਈ-ਨਿਲਾਮੀ ਦੇ ਵਾਧੇ ਸਬੰਧੀ ਕੋਈ ਵੀ ਸੂਚਨਾ ਸਿਰਫ਼ ਈ-ਨਿਲਾਮੀ ਪੋਰਟਲ 'ਤੇ ਦਿੱਤੀ ਜਾਵੇਗੀ।
ਕਿਸੇ ਵੀ ਜਾਣਕਾਰੀ ਲਈ ਬੋਲੀਕਾਰ ਟੋਲ ਫਰੀ ਨੰਬਰ 18001800062 'ਤੇ ਸੰਪਰਕ ਕਰ ਸਕਦੇ ਹਨ ਜਾਂ office@puda.gov.in 'ਤੇ ਈਮੇਲ ਕਰ ਸਕਦੇ ਹਨ
ਬੋਲੀ ਤੇ ਵੇਰਵੇ ਲਈ https://puda.enivida.com 'ਤੇ ਪਧਾਰੋ | /HudPunjab
GMADA ਗਰੇਟਰ ਮੋਹਾਲੀ ਏਰੀਆ ਵਿਕਾਸ ਅਥਾਰਟੀ
(ਪੰਜਾਬ ਸਰਕਾਰ ਦਾ ਅਦਾਰਾ)
ਪੁੱਡਾ ਭਵਨ, ਸੈਕਟਰ 62, ਐਸ.ਏ.ਐਸ. ਨਗਰ, ਪੰਜਾਬ, 160062
PR-Advt. No. 1324/13/2025-26/5483
ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ



